ਗਉੜੀ ਮਹਲਾ ੫ ॥ ਜੋ ਪ੍ਰਾਣੀ ਗੋਵਿੰਦੁ ਧਿਆਵੈ ॥ ਪੜਿਆ ਅਣਪੜਿਆ ਪਰਮ ਗਤਿ ਪਾਵੈ ॥੧॥ ਸਾਧੂ ਸੰਗਿ ਸਿਮਰਿ ਗੋਪਾਲ ॥ ਬਿਨੁ ਨਾਵੈ ਝੂਠਾ ਧਨੁ ਮਾਲੁ ॥ ੧॥ ਰਹਾਉ ॥ ਰੂਪਵੰਤੁ ਸੋ ਚਤੁਰੁ ਸਿਆਣਾ ॥ ਜਿਨਿ ਜਨਿ ਮਾਨਿਆ ਪ੍ਰਭ ਕਾ ਭਾਣਾ ॥੨॥ ਜਗ ਮਹਿ ਆਇਆ ਸੋ ਪਰਵਾਣੁ ॥ ਘਟਿ ਘਟਿ ਅਪਣਾ ਸੁਆਮੀ ਜਾਣੁ ॥ ੩॥ ਕਹੁ ਨਾਨਕ ਜਾ ਕੇ ਪੂਰਨ ਭਾਗ ॥ ਹਰਿ ਚਰਣੀ ਤਾ ਕਾ ਮਨੁ ਲਾਗ ॥੪॥੯੦॥੧੫੯॥ {ਪੰਨਾ 197-198}

ਪਦਅਰਥ:- ਧਿਆਵੈ—ਧਿਆਉਂਦਾ ਹੈ, ਹਿਰਦੇ ਵਿਚ ਚੇਤੇ ਰੱਖਦਾ ਹੈ। ਪਰਮ ਗਤਿ—ਸਭ ਤੋਂ ਉੱਚੀ ਆਤਮਕ ਅਵਸਥਾ।1।

ਸਾਧੂ ਸੰਗਿ—ਗੁਰੂ ਦੀ ਸੰਗਤਿ ਵਿਚ।1। ਰਹਾਉ।

ਰੂਪਵੰਤੁ—ਰੂਪ ਵਾਲਾ। ਚਤੁਰੁ—ਤੀਛਣ ਬੁੱਧਿ ਵਾਲਾ। ਜਿਨਿ—ਜਿਸ ਨੇ। ਜਿਨ ਜਨਿ—ਜਿਸ ਜਨ ਨੇ।2।

ਪਰਵਾਣੁ—ਕਬੂਲ। ਘਟਿ ਘਟਿ—ਹਰੇਕ ਸਰੀਰ ਵਿਚ। ਜਾਣੁ—ਪਛਾਣ।3।

ਜਾ ਕੇ—ਜਿਸ ਮਨੁੱਖ ਦੇ।4।

ਅਰਥ:- (ਹੇ ਭਾਈ!) ਗੁਰੂ ਦੀ ਸੰਗਤਿ ਵਿਚ (ਰਹਿ ਕੇ) ਸ੍ਰਿਸ਼ਟੀ ਦੇ ਪਾਲਣਹਾਰ ਪ੍ਰਭੂ (ਦੇ ਨਾਮ) ਦਾ ਸਿਮਰਨ ਕਰਿਆ ਕਰ। ਪ੍ਰਭੂ ਦੇ ਨਾਮ ਤੋਂ ਬਿਨਾਂ ਹੋਰ ਕੋਈ ਧਨ ਕੋਈ ਮਾਲ ਪੱਕਾ ਸਾਥ ਨਿਬਾਹੁਣ ਵਾਲਾ ਨਹੀਂ ਹੈ।1। ਰਹਾਉ।

ਜੇਹੜਾ ਮਨੁੱਖ ਗੋਬਿੰਦ-ਪ੍ਰਭੂ ਨੂੰ ਆਪਣੇ ਹਿਰਦੇ ਵਿਚ ਯਾਦ ਕਰਦਾ ਰਹਿੰਦਾ ਹੈ, ਉਹ ਚਾਹੇ ਵਿਦਵਾਨ ਹੋਵੇ ਚਾਹੇ ਵਿੱਦਿਆ-ਹੀਨ, ਉਹ ਸਭ ਤੋਂ ਉੱਚੀ ਆਤਮਕ ਅਵਸਥਾ ਹਾਸਲ ਕਰਦਾ ਲੈਂਦਾ ਹੈ।1।

(ਹੇ ਭਾਈ!) ਉਹੀ ਮਨੁੱਖ ਰੂਪ ਵਾਲਾ ਹੈ ਉਹੀ ਤੀਖਣ ਬੁੱਧਿ ਵਾਲਾ ਹੈ ਉਹੀ ਸਿਆਣਾ ਹੈ, ਜਿਸ ਮਨੁੱਖ ਨੇ ਪਰਮਾਤਮਾ ਦੀ ਰਜ਼ਾ ਨੂੰ (ਸਦਾ ਸਿਰ ਮੱਥੇ ਉਤੇ) ਮੰਨਿਆ ਹੈ।2।

(ਹੇ ਭਾਈ!) ਆਪਣੇ ਮਾਲਕ-ਪ੍ਰਭੂ ਨੂੰ ਹਰੇਕ ਸਰੀਰ ਵਿਚ ਵੱਸਦਾ ਪਛਾਣ। (ਜਿਸ ਮਨੁੱਖ ਨੇ ਮਾਲਕ-ਪ੍ਰਭੂ ਨੂੰ ਹਰੇਕ ਸਰੀਰ ਵਿਚ ਵੱਸਦਾ ਪਛਾਣ ਲਿਆ ਹੈ) ਉਹੀ ਮਨੁੱਖ ਜਗਤ ਵਿਚ ਆਇਆ ਸਫਲ ਹੈ।3।

ਹੇ ਨਾਨਕ! ਆਖ—ਜਿਸ ਮਨੁੱਖ ਦੇ ਪੂਰੇ ਭਾਗ ਜਾਗ ਪੈਂਦੇ ਹਨ, ਉਸ ਦਾ ਮਨ ਪਰਮਾਤਮਾ ਦੇ ਚਰਨਾਂ ਵਿਚ ਲੱਗਾ ਰਹਿੰਦਾ ਹੈ।4। 90। 159।